**ਆਸਾ ਮਹਲਾ ੫ ॥ ਸੰਤਾ ਕੀ ਹੋਇ ਦਾਸਰੀ ਏਹੁ ਅਚਾਰਾ ਸਿਖੁ ਰੀ ॥ ਸਗਲ ਗੁਣਾ ਗੁਣ ਊਤਮੋ ਭਰਤਾ ਦੂਰਿ ਨ ਪਿਖੁ ਰੀ ॥੧॥ ਇਹੁ ਮਨੁ ਸੁੰਦਰਿ ਆਪਣਾ ਹਰਿ ਨਾਮਿ ਮਜੀਠੈ ਰੰਗਿ ਰੀ ॥ ਤਿਆਗਿ ਸਿਆਣਪ ਚਾਤੁਰੀ ਤੂੰ ਜਾਣੁ ਗੁਪਾਲਹਿ ਸੰਗਿ ਰੀ ॥੧॥ ਰਹਾਉ ॥ ਭਰਤਾ ਕਹੈ ਸੁ ਮਾਨੀਐ ਏਹੁ ਸੀਗਾਰੁ ਬਣਾਇ ਰੀ ॥ ਦੂਜਾ ਭਾਉ ਵਿਸਾਰੀਐ ਏਹੁ ਤੰਬੋਲਾ ਖਾਇ ਰੀ ॥੨॥ ਗੁਰ ਕਾ ਸਬਦੁ ਕਰਿ ਦੀਪਕੋ ਇਹ ਸਤ ਕੀ ਸੇਜ ਬਿਛਾਇ ਰੀ ॥ ਆਠ ਪਹਰ ਕਰ ਜੋੜਿ ਰਹੁ ਤਉ ਭੇਟੈ ਹਰਿ ਰਾਇ ਰੀ ॥੩॥ ਤਿਸ ਹੀ ਚਜੁ ਸੀਗਾਰੁ ਸਭੁ ਸਾਈ ਰੂਪਿ ਅਪਾਰਿ ਰੀ ॥ ਸਾਈ ਸੋੁਹਾਗਣਿ ਨਾਨਕਾ ਜੋ ਭਾਣੀ ਕਰਤਾਰਿ ਰੀ ॥੪॥੧੬॥੧੧੮॥ {ਪੰਨਾ 400}**

ਪਦਅਰਥ:- ਸੰਤਾ ਕੀ—ਸਤਸੰਗੀਆਂ ਦੀ। ਹੋਇ—ਬਣ ਜਾ। ਦਾਸਰੀ—ਨਿਮਾਣੀ ਜਿਹੀ ਦਾਸੀ। ਆਚਾਰਾ—ਕਰਤੱਬ। ਰੀ—ਹੇ (ਜਿੰਦੇ)! ਊਤਮੋ—ਊਤਮੁ, ਸ੍ਰੇਸ਼ਟ। ਭਰਤਾ—ਖਸਮ-ਪ੍ਰਭੂ। ਨ ਪਿਖੁ—ਨਾਹ ਵੇਖ, ਨਾਹ ਸਮਝ।1।

ਸੁੰਦਰਿ—ਹੇ ਸੁੰਦਰੀ! ਹੇ ਸੋਹਣੀ ਜਿੰਦੇ! ਨਾਮਿ—ਨਾਮ ਵਿਚ। ਮਜੀਠੈ—ਮਜੀਠ ਨਾਲ, ਮਜੀਠ ਵਰਗੇ ਪੱਕੇ ਰੰਗ ਨਾਲ। ਚਾਤੁਰੀ—ਚਤੁਰਾਈ। ਗੁਪਾਲਹਿ—ਗੁਪਾਲ ਨੂੰ। ਸੰਗਿ—ਆਪਣੇ ਨਾਲ ਵੱਸਦਾ।1। ਰਹਾਉ।

ਮਾਨੀਐ—ਮੰਨਣਾ ਚਾਹੀਦਾ ਹੈ। ਸੀਗਾਰੁ—ਸਿੰਗਾਰੁ। ਦੂਜਾ ਭਾਉ—ਪ੍ਰਭੂ-ਪਤੀ ਨੂੰ ਛੱਡ ਕੇ ਕਿਸੇ ਹੋਰ ਦਾ ਪਿਆਰ। ਤੰਬੋਲਾ—ਪਾਨ ਦਾ ਬੀੜਾ।2।

ਕਰਿ—ਬਣਾ। ਦੀਪਕੋ—ਦੀਪਕੁ, ਦੀਵਾ। ਸਤ—ਉੱਚਾ ਆਚਰਨ। ਕਰ—(ਦੋਵੇਂ) ਹੱਥ। ਜੋੜਿ—ਜੋੜ ਕੇ। ਤਉ—ਤਦੋਂ ਹੀ। ਭੇਟੈ—ਮਿਲਦਾ ਹੈ। ਹਰਿ ਰਾਇ—ਪ੍ਰਭੂ-ਪਾਤਿਸ਼ਾਹ।3।

ਤਿਸ ਹੀ—ਉਸੇ ਦਾ ਹੀ {ਲਫ਼ਜ਼ 'ਤਿਸੁ' ਦਾ ੁ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਿਆ ਹੈ}। ਚਜੁ—ਸੁਚੱਜ। ਸਭੁ—ਸਾਰਾ। ਸਾਈ—ਉਹ (ਜੀਵ-ਇਸਤ੍ਰੀ) ਹੀ। ਰੂਪਿ—ਸੋਹਣੇ ਰੂਪ ਵਾਲੀ। ਅਪਾਰਿ—ਅਪਾਰ-ਪ੍ਰਭੂ ਵਿਚ। ਸੋੁਹਾਗਣਿ—{ਅੱਖਰ 'ਸ' ਦੇ ਨਾਲ ਦੋ ਲਗਾਂ ਹਨ:- ੋ ਅਤੇ ੁ। ਅਸਲ ਲਫ਼ਜ਼ 'ਸੋਹਾਗਣਿ' ਹੈ; ਇਥੇ 'ਸੁਹਾਗਣਿ' ਪੜ੍ਹਨਾ ਹੈ}। ਭਾਣੀ—ਪਸੰਦ ਆਈ ਹੈ। ਕਰਤਾਰਿ—ਕਰਤਾਰ ਵਿਚ (ਲੀਨ)।4।

ਅਰਥ:- ਹੇ (ਮੇਰੀ) ਸੋਹਣੀ ਜਿੰਦੇ! ਤੂੰ ਆਪਣੇ ਇਸ ਮਨ ਨੂੰ ਮਜੀਠ (ਵਰਗੇ ਪੱਕੇ) ਪਰਮਾਤਮਾ ਦੇ

ਨਾਮ-ਰੰਗ ਨਾਲ ਰੰਗ ਲੈ, ਆਪਣੇ ਅੰਦਰੋਂ ਸਿਆਣਪ ਤੇ ਚਤੁਰਾਈ ਛੱਡ ਕੇ (ਇਹ ਮਾਣ ਛੱਡ ਦੇ ਕਿ ਤੂੰ ਬੜੀ ਸਿਆਣੀ ਹੈਂ ਤੇ ਚਤੁਰ ਹੈਂ), ਹੇ ਜਿੰਦੇ! ਸ੍ਰਿਸ਼ਟੀ ਦੇ ਪਾਲਕ-ਪ੍ਰਭੂ ਨੂੰ ਆਪਣੇ-ਨਾਲ-ਵੱਸਦਾ ਸਮਝਦੀ ਰਹੁ।1। ਰਹਾਉ।

ਹੇ ਮੇਰੀ ਸੋਹਣੀ ਜਿੰਦੇ! ਤੂੰ ਸਤਸੰਗੀਆਂ ਦੀ ਨਿਮਾਣੀ ਜਿਹੀ ਦਾਸੀ ਬਣੀ ਰਹੁ—ਬੱਸ! ਇਹ ਕਰਤੱਬ ਸਿੱਖ, ਤੇ, ਹੇ ਜਿੰਦੇ! ਉਸ ਖਸਮ-ਪ੍ਰਭੂ ਨੂੰ ਕਿਤੇ ਦੂਰ ਵੱਸਦਾ ਨਾਹ ਖ਼ਿਆਲ ਕਰ ਜੇਹੜਾ ਸਾਰੇ ਗੁਣਾਂ ਦਾ ਮਾਲਕ ਹੈ ਜੋ ਗੁਣਾਂ ਕਰਕੇ ਸਭ ਤੋਂ ਸ੍ਰੇਸ਼ਟ ਹੈ।1।

ਹੇ ਮੇਰੀ ਸੋਹਣੀ ਜਿੰਦੇ! ਖਸਮ-ਪ੍ਰਭੂ ਜੋ ਹੁਕਮ ਕਰਦਾ ਹੈ ਉਹ (ਮਿੱਠਾ ਕਰ ਕੇ) ਮੰਨਣਾ ਚਾਹੀਦਾ ਹੈ—ਬੱਸ! ਇਸ ਗੱਲ ਨੂੰ (ਆਪਣੇ ਜੀਵਨ ਦਾ) ਸਿੰਗਾਰ ਬਣਾਈ ਰੱਖ। ਪਰਮਾਤਮਾ ਤੋਂ ਬਿਨਾ ਹੋਰ (ਮਾਇਆ ਆਦਿਕ ਦਾ) ਪਿਆਰ ਭੁਲਾ ਦੇਣਾ ਚਾਹੀਦਾ ਹੈ—(ਇਹ ਨਿਯਮ ਆਤਮਕ ਜੀਵਨ ਵਾਸਤੇ, ਮਾਨੋ, ਪਾਨ ਦਾ ਬੀੜਾ ਹੈ) ਹੇ ਜਿੰਦੇ! ਇਹ ਪਾਨ ਖਾਇਆ ਕਰ।2।

ਹੇ ਮੇਰੀ ਸੋਹਣੀ ਜਿੰਦੇ! ਸਤਿਗੁਰੂ ਦੇ ਸ਼ਬਦ ਨੂੰ ਦੀਵਾ ਬਣਾ (ਜੋ ਤੇਰੇ ਅੰਦਰ ਆਤਮਕ ਜੀਵਨ ਦਾ ਚਾਨਣ ਪੈਦਾ ਕਰੇ) ਤੇ ਉਸ ਆਤਮਕ ਜੀਵਨ ਦੀ (ਆਪਣੇ ਹਿਰਦੇ ਵਿਚ) ਸੇਜ ਵਿਛਾ। ਹੇ ਸੋਹਣੀ ਜਿੰਦੇ! (ਆਪਣੇ ਅੰਦਰ ਆਤਮੇ) ਅੱਠੇ ਪਹਰ (ਦੋਵੇਂ) ਹੱਥ ਜੋੜ ਕੇ (ਪ੍ਰਭੂ-ਚਰਨਾਂ ਵਿਚ) ਟਿਕੀ ਰਹੁ, ਤਦੋਂ ਹੀ ਪ੍ਰਭੂ-ਪਾਤਿਸ਼ਾਹ (ਆ ਕੇ) ਮਿਲਦਾ ਹੈ।3।

ਹੇ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਉਸੇ ਜੀਵ-ਇਸਤ੍ਰੀ ਦਾ ਸੁਚੱਜ ਮੰਨਿਆ ਜਾਂਦਾ ਹੈ ਉਸੇ ਜੀਵ-ਇਸਤ੍ਰੀ ਦਾ (ਆਤਮਕ) ਸਿੰਗਾਰ ਪਰਵਾਨ ਹੁੰਦਾ ਹੈ, ਉਹ ਜੀਵ-ਇਸਤ੍ਰੀ ਸੁੰਦਰ ਰੂਪ ਵਾਲੀ ਸਮਝੀ ਜਾਂਦੀ ਹੈ ਜੋ ਬੇਅੰਤ ਪਰਮਾਤਮਾ (ਦੇ ਚਰਨਾਂ) ਵਿਚ ਲੀਨ ਰਹਿੰਦੀ ਹੈ। ਹੇ ਜਿੰਦੇ! ਉਹੀ ਜੀਵ-ਇਸਤ੍ਰੀ ਸੁਹਾਗ-ਭਾਗ ਵਾਲੀ ਹੈ ਜੋ (ਕਰਤਾਰ ਨੂੰ) ਪਿਆਰੀ ਲੱਗਦੀ ਹੈ ਜੋ ਕਰਤਾਰ (ਦੀ ਯਾਦ) ਵਿਚ ਲੀਨ ਰਹਿੰਦੀ ਹੈ।4। 16। 118।